# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 29-03-2025**

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਨਵੀਂ ਦਿੱਲੀ ਵਿੱਚ ਚੌਗਿਰਦੇ ਬਾਰੇ ਕੌਮੀ ਸੰਮੇਲਨ-2025 ਦਾ ਉਦਘਾਟਨ ਕੀਤਾ। ਦੋ ਦਿਨਾਂ ਸੰਮੇਲਨ ਦਾ ਉਦੇਸ਼ ਚੌਗਿਰਦੇ ਦੇ ਮਾਹਰਾਂ, ਨੀਤੀ ਨਿਰਮਾਤਾਵਾਂ ਅਤੇ ਵਾਤਾਵਰਣ ਕਾਰਜਕਰਤਾਵਾਂ ਨੂੰ ਇੱਕ ਮੰਚ 'ਤੇ ਲਿਆਉਣਾ ਏ ਤਾਂ ਜੋ ਚੌਗਿਰਦੇ ਨਾਲ ਜੁੜੇ ਮਹੱਤਵਪੂਰਨ ਮੁੱਦਿਆਂ' ਤੇ ਚਰਚਾ ਕੀਤੀ ਜਾ ਸਕੇ ਅਤੇ ਕਾਰਵਾਈ ਯੋਗ ਹੱਲ ਲੱਭੇ ਜਾ ਸਕਣ । ਸੰਮੇਲਨ ਨੂੰ ਸੰਬੋਧਨ ਕਰਦੇ ਹੋਏ ਰਾਸ਼ਟਰਪਤੀ ਨੇ ਚੌਗਿਰਦੇ ਦੀ ਰੱਖਿਆ ਲਈ ਸਾਂਝੇ ਉਪਰਾਲਿਆਂ ਦਾ ਸੱਦਾ ਦਿੱਤਾ।

BYTE:

ਇਸ ਮੌਕੇ ਕੇਂਦਰੀ ਚੌਗਿਰਦਾ , ਜੰਗਲਾਤ ਅਤੇ ਜਲਵਾਯੂ ਤਬਦੀਲੀ ਮੰਤਰੀ ਭੁਪੇਂਦਰ ਯਾਦਵ, ਸੁਪਰੀਮ ਕੋਰਟ ਦੇ ਜੱਜ ਜਸਟਿਸ ਵਿਕਰਮ

ਨਾਥ ਅਤੇ ਕੌਮੀ  ਗ੍ਰੀਨ ਟ੍ਰਿਬਿਊਨਲ ਦੇ ਚੇਅਰਮੈਨ ਜਸਟਿਸ ਪ੍ਰਕਾਸ਼ ਸ਼੍ਰੀਵਾਸਤਵ ਵੀ ਮੌਜੂਦ ਸਨ।
ਇਹ ਸੰਮੇਲਨ ਕੌਮੀ ਗ੍ਰੀਨ ਟ੍ਰਿਬਿਊਨਲ ਵਲੋਂ ਕਰਵਾਇਆ ਜਾ ਰਿਹਾ ਏ ।

-------------------------------------------------

ਮਿਆਂਮਾਰ ਵਿੱਚ ਭੁਚਾਲ ਕਾਰਨ ਮਰਨ ਵਾਲਿਆਂ ਦੀ ਗਿਣਤੀ ਵਧਕੇ ਇੱਕ ਹਜ਼ਾਰ ਹੋ ਗਈ ਏ । ਰਿਕਟਰ ਪੈਮਾਨੇ 'ਤੇ ਭੂਚਾਲ ਦੀ ਤੀਬਰਤਾ 7.7 ਮਾਪੀ ਗਈ । ਦੇਸ਼ ਦੀ ਫੌਜ ਦੀ ਅਗਵਾਈ ਵਾਲੀ ਸਰਕਾਰ ਨੇ ਇੱਕ ਬਿਆਨ ਵਿੱਚ ਕਿਹਾ ਕਿ ਹੁਣ ਤੱਕ ਇੱਕ ਹਜ਼ਾਰ ਦੋ ਲੋਕ ਮਾਰੇ ਗਏ ਨੇ  ਅਤੇ 2 ਹਜ਼ਾਰ 370 ਲੋਕ ਜ਼ਖਮੀ ਹੋਏ ਹਨ, ਜਦੋਂ ਕਿ 30 ਲਾਪਤਾ ਨੇ । ਜ਼ਿਆਦਾਤਰ ਮੌਤਾਂ ਮਿਆਂਮਾਰ ਦੇ ਦੂਜੇ ਸਭ ਤੋਂ ਵੱਡੇ ਸ਼ਹਿਰ ਅਤੇ ਭੂਚਾਲ ਦੇ ਕੇਂਦਰ ਦੇ ਸਭ ਤੋਂ ਨਜ਼ਦੀਕੀ ਸ਼ਹਿਰ ਮੰਡਾਲੇ ਵਿੱਚ ਹੋਈਆਂ ਹਨ।  ਥਾਈਲੈਂਡ ਦੀ ਰਾਜਧਾਨੀ ਬੈਂਕਾਕ ਵਿੱਚ ਭੂਚਾਲ ਕਾਰਨ 6 ਲੋਕਾਂ ਦੀ ਮੌਤ ਹੋ ਗਈ, 26 ਜ਼ਖਮੀ ਹੋ ਗਏ ਅਤੇ 47 ਅਜੇ ਵੀ ਲਾਪਤਾ ਹਨ। ਦੁਨੀਆ ਭਰ ਦੇ ਕਈ ਦੇਸ਼ ਮਦਦ ਭੇਜ ਰਹੇ ਨੇ । ਭਾਰਤ ਨੇ ਇੱਕ ਖੋਜ ਅਤੇ ਬਚਾਅ ਟੀਮ, ਇੱਕ ਮੈਡੀਕਲ ਟੀਮ ਸਮੇਤ ਰਾਹਤ ਸਮੱਗਰੀ ਭੇਜੀ

ਏ । ਭੁਚਾਲ ਪ੍ਰਭਾਵਿਤ ਮਿਆਂਮਾਰ ਲਈ ਭਾਰਤ ਦੇ ਰਾਹਤ ਅਭਿਆਨ ਅਪਰੇਸ਼ਨ ਬ੍ਰਹਮਾ ਤਹਿਤ 15 ਟਨ ਤੁਰੰਤ ਮਨੁੱਖੀ ਸਹਾਇਤਾ ਦੀ ਪਹਿਲੀ ਖੇਪ ਅੱਜ ਯਾਂਗੂਨ ਪਹੁੰਚੀ।

----------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਕੱਲ ਦਿਨੇ 11 ਵਜੇ ਆਕਾਸ਼ਵਾਣੀ 'ਤੇ ਪ੍ਰਸਾਰਿਤ ਹੋਣ ਵਾਲੇ' ਮਨ ਕੀ ਬਾਤ "ਪ੍ਰੋਗਰਾਮ ਵਿਚ ਦੇਸ਼ ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ । ਇਹ ਇਸ ਮਹੀਨੇਵਾਰ ਰੇਡੀਓ ਪ੍ਰੋਗਰਾਮ ਦਾ 120ਵਾਂ ਐਪੀਸੋਡ ਹੋਵੇਗਾ । ਮਨ ਕੀ ਬਾਤ' ਪ੍ਰੋਗਰਾਮ ਆਕਾਸ਼ਵਾਣੀ ਅਤੇ ਦੂਰਦਰਸ਼ਨ ਦੇ ਸਮੁੱਚੇ ਨੈੱਟਵਰਕ, ਆਕਾਸ਼ਵਾਣੀ ਖਬਰਾਂ ਦੀ ਵੈਬਸਾਈਟ ਅਤੇ NEWSONAIR ਮੋਬਾਈਲ ਐਪ 'ਤੇ ਪ੍ਰਸਾਰਿਤ ਕੀਤਾ ਜਾਵੇਗਾ । ਇਸ ਪ੍ਰੋਗਰਾਮ ਦਾ AIR ਨਿਊਜ਼, DD ਨਿਊਜ਼, ਪ੍ਰਧਾਨ ਮੰਤਰੀ ਦੇ ਦਫਤਰ ਅਤੇ ਸੂਚਨਾ ਤੇ ਪ੍ਰਸਾਰਣ ਮੰਤਰਾਲੇ ਦੇ YOUTUBE ਚੈਨਲਾਂ 'ਤੇ ਵੀ ਸਿੱਧਾ ਪ੍ਰਸਾਰਣ ਕੀਤਾ ਜਾਵੇਗਾ । ਆਕਾਸ਼ਵਾਣੀ, ਹਿੰਦੀ ਪ੍ਰਸਾਰਣ ਤੋਂ ਤੁਰੰਤ ਬਾਅਦ ਪ੍ਰੋਗਰਾਮ ਨੂੰ ਖੇਤਰੀ ਭਾਸ਼ਾਵਾਂ ਵਿੱਚ ਵੀ ਪ੍ਰਸਾਰਿਤ ਕਰੇਗਾ ।

---

ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕੱਲ ਵਰਚੂਅਲ ਤੌਰ 'ਤੇ ਗੁਰਦਾਸਪੁ ਜ਼ਿਲ੍ਹਾ ਹਸਪਤਾਲ ਡਾਇਲਸਸ ਸੈਂਟਰ ਦਾ ਉਦਘਾਟਨ ਕੀਤਾ ਗਿਆ । ਸਿਹਤ ਮੰਤਰੀ ਵੱਲੋਂ ਜ਼ਿਲ੍ਹਾ ਹਸਪਤਾਲ ਗੁਰਦਾਸਪੁਰ ਤੋਂ ਇਲਾਵਾ ਫ਼ਿਰੋਜ਼ਪੁਰ ਅਤੇ ਮੁਕਤਸਰ ਦੇ ਹਸਪਤਾਲਾਂ ਦੇ ਡਾਇਲਸਸ ਸੈਂਟਰਾਂ ਦਾ ਉਦਘਾਟਨ ਵੀ ਕੀਤਾ ਗਿਆ ਏ । ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ ਨੇ ਕਿਹਾ ਕਿ ਜ਼ਿਲ੍ਹਾ ਹਸਪਤਾਲ ਬੱਬਰੀ ਵਿਖੇ ਡਾਇਲਸਸ ਸੈਂਟਰ ਸ਼ੁਰੂ ਹੋਣ ਨਾਲ ਇਲਾਕੇ ਦੇ ਲੋਕਾਂ ਦੀ ਬਹੁਤ ਪੁਰਾਣੀ ਮੰਗ ਪੂਰੀ ਹੋਈ ਏ । ਉਨ੍ਹਾਂ ਦੱਸਿਆ ਕਿ ਸਿਹਤ ਵਿਭਾਗ ਵੱਲੋਂ ਹੰਸ ਫਾਊਂਡੇਸ਼ਨ ਦੇ ਸਹਿਯੋਗ ਦੇ ਨਾਲ ਜ਼ਿਲ੍ਹਾ ਹਸਪਤਾਲ ਗੁਰਦਾਸਪੁਰ ਵਿਖੇ ਇਹ ਡਾਇਲਸਸ ਯੂਨਿਟ ਸਥਾਪਿਤ ਕੀਤਾ ਗਿਆ ਏ , ਜਿਸ ਵਿੱਚ 6 ਡਾਇਲਸਸ ਯੂਨਿਟ ਲਗਾਏ ਗਏ ਨੇ ।

---

ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਆਪਣੇ ਐਮਰਜੈਂਸੀ ਰਿਸਪਾਂਸ

ਸਪੋਰਟ ਸਿਸਟਮ ਡਾਇਲ 112 ਨੂੰ ਅਪਗ੍ਰੇਡ ਕਰਨ ਲਈ, 178 ਕਰੋੜ ਰੁਪਏ ਅਲਾਟ ਕੀਤੇ ਨੇ । ਸੂਬਾ ਪੱਧਰੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਪੰਜਾਬ ਪੁਲਿਸ ਦੇ ਮੁਖੀ ਗੌਰਵ ਯਾਦਵ ਨੇ ਦੱਸਿਆ ਕਿ ਪੰਜਾਬ ਪੁਲਿਸ ਨੇ ਐਮਰਜੈਂਸੀ ਸੇਵਾਵਾਂ ਨਾਲ ਸਬੰਧਤ ਚਾਰ ਮੁੱਖ ਵਿਭਾਗਾਂ - ਪੁਲਿਸ, ਸਿਹਤ, ਅੱਗ ਬੁਝਾਊ ਅਤੇ ਆਫ਼ਤ ਪ੍ਰਬੰਧਨ ਨੂੰ ਏਕੀਕ੍ਰਿਤ ਰਿਸਪਾਂਸ ਨੈੱਟਵਰਕ ਵਿੱਚ ਜੋੜਨ ਲਈ ਉਪਰਾਲੇ ਹੋਰ ਤੇਜ਼ ਕਰ ਦਿੱਤੇ ਹਨ, ਜਿਸਦਾ ਟੀਚਾ ਐਮਰਜੈਂਸੀ ਰਿਸਪਾਂਸ ਸਮਾਂ 25 ਮਿੰਟ ਤੋਂ ਘਟਾ ਕੇ 8 ਮਿੰਟ ਕਰਕੇ ਨਵਾਂ ਕੌਮੀ ਮਿਆਰ ਸਥਾਪਤ ਕਰਨਾ ਏ । ਊਨਾ ਦਸਿਆ ਕਿ ਪੰਜਾਬ ਸਰਕਾਰ ਨੇ ਐਮਰਜੈਂਸੀ ਰਿਸਪਾਂਸ ਵਾਹਨਾਂ ਅਤੇ ਜ਼ਿਲ੍ਹਾ ਕੰਟਰੋਲ ਰੂਮਾਂ ਦੇ ਅਪਗ੍ਰੇਡੇਸ਼ਨ ਲਈ 125 ਕਰੋੜ ਰੁਪਏ ਜਦੋਂ ਕਿ 'ਡਾਇਲ 112' ਹੈਲਪਲਾਈਨ ਦੇ ਨਵੇਂ ਹੈੱਡਕੁਆਰਟਰ ਦੇ ਨਿਰਮਾਣ ਲਈ 53 ਕਰੋੜ ਰੁਪਏ ਅਲਾਟ ਕੀਤੇ ਗਏ ਨੇ । ਉਨ੍ਹਾਂ ਦਸਿਆ ਕਿ ਨੇ ਦੱਸਿਆ ਕਿ ਡਾਇਲ 112 'ਤੇ ਹੁਣ ਤੱਕ ਲਗਭਗ 20 ਲੱਖ 5 ਹਜ਼ਾਰ ਮਾਮਲੇ ਦਰਜ ਕੀਤੇ ਗਏ ਨੇ ।

---------------------------------------------------------------

ਯੁੱਧ ਨਸ਼ਿਆਂ ਵਿਰੁੱਧ" ਮੁਹਿੰਮ ਤਹਿਤ ਕੱਲ ਪੰਜਾਬ ਪੁਲਿਸ ਨੇ 463 ਥਾਵਾਂ 'ਤੇ ਛਾਪੇਮਾਰੀ ਕੀਤੀ ਜਿਸ ਦੇ ਚਲਦਿਆਂ ਸੂਬੇ ਭਰ ਵਿੱਚ 33 ਮਾਮਲੇ ਦਰਜ ਕਰਕੇ 56 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਏ। ਇਸ ਦੇ ਨਾਲ ਹੀ 28 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 4274 ਹੋ ਗਈ ਏ। ਪੁਲਿਸ ਨੇ ਗ੍ਰਿਫ਼ਤਾਰ ਕੀਤੇ ਗਏ ਨਸ਼ਾ ਤਸਕਰਾਂ ਦੇ ਕਬਜ਼ੇ 'ਚੋਂ ਡੇਢ ਕਿਲੋ ਤੋਂ ਵੱਧ ਹੈਰੋਇਨ, 3046 ਨਸ਼ੀਲੀਆਂ ਗੋਲੀਆਂ ਤੇ ਕੈਪਸੂਲ ਅਤੇ 62 ਹਜ਼ਾਰ 940 ਰੁਪਏ ਦੀ ਡਰੱਗ ਮਨੀ ਵੀ ਬਰਾਮਦ ਕੀਤੀ ਏ।

---------------------------------------------------------------

ਚੰਡੀਗੜ੍ਹ ਸਥਿਤ ਪੰਜਾਬ ਯੂਨੀਵਰਸਿਟੀ ਨੇ ਕੱਲ ਸਾਲਾਨਾ ਖੇਡ ਇਨਾਮ ਵੰਡ ਸਮਾਗਮ ਵਿੱਚ ਆਪਣੇ ਖਿਡਾਰੀਆਂ ਅਤੇ ਕੋਚਾਂ ਨੂੰ ਸਨਮਾਨਿਤ ਕੀਤਾ। ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. ਰੇਣੂ ਵਿਗ, ਓਲੰਪਿਕ ਕਾਂਸੀ ਤਗਮਾ ਜੇਤੂ ਅਤੇ ਯੂਨੀਵਰਸਿਟੀ ਦੇ ਸਾਬਕਾ ਵਿਦਿਆਰਥੀ ਸਰਬਜੋਤ ਸਿੰਘ, ਏਸ਼ੀਆਈ ਖੇਡਾਂ ਦੇ ਸੋਨ ਤਮਗਾ  ਜੇਤੂ ਅਤੇ ਪੰਜਾਬ

ਪੁਲਿਸ ਦੇ SSP ਸੁਨੀਤਾ ਰਾਣੀ, ਅਭਿਸ਼ੇਕ ਰਾਣਾ, ਅਤੇ ਸਰੀਰਕ ਸਿੱਖਿਆ ਅਤੇ ਖੇਡਾਂ ਦੇ ਡਾਇਰੈਕਟਰ ਡਾ. ਰਾਕੇਸ਼ ਮਲਿਕ ਨੇ ਵੱਖ-ਵੱਖ ਖੇਡਾਂ ਦੇ ਤਮਗਾ ਜੇਤੂਆਂ ਨੂੰ ਖੇਡ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਲਈ ਸਰਟੀਫਿਕੇਟ ਅਤੇ ਨਕਦ ਇਨਾਮ ਦੇ ਕੇ ਸਨਮਾਨਿਤ ਕੀਤਾ। ਮੁੱਖ ਮਹਿਮਾਨ ਸਰਬਜੋਤ ਸਿੰਘ ਨੇ ਵਿਦਿਆਰਥੀਆਂ ਨੂੰ ਖੇਡਾਂ ਅਤੇ ਅਕਾਦਮਿਕ ਖੇਤਰ ਵਿੱਚ ਉੱਤਮਤਾ ਪ੍ਰਾਪਤ ਕਰਨ ਲਈ ਉਤਸ਼ਾਹਿਤ ਕੀਤਾ ਅਤੇ ਇੱਕ ਓਲੰਪੀਅਨ ਵਜੋਂ ਆਪਣੇ ਸਫ਼ਰ ਤੋਂ ਸੂਝਾਂ ਸਾਂਝੀਆਂ ਕੀਤੀਆਂ, ਨੌਜਵਾਨ ਖਿਡਾਰੀਆਂ ਨੂੰ ਉੱਚੀਆਂ ਉਚਾਈਆਂ ਤੱਕ ਪਹੁੰਚਣ ਲਈ ਪ੍ਰੇਰਿਤ ਕੀਤਾ। ਪ੍ਰੋ. ਰੇਣੂ ਵਿਗ ਨੇ ਸੁਚੱਜੇ ਵਿਅਕਤੀਆਂ ਨੂੰ ਬਣਾਉਣ ਵਿੱਚ ਖੇਡਾਂ ਦੀ ਮਹੱਤਵਪੂਰਨ ਭੂਮਿਕਾ 'ਤੇ ਜ਼ੋਰ ਦਿੱਤਾ।

---------------------------------------------------------

ਜਾਰਡਨ ਦੇ ਅੱਮਾਨ ਵਿੱਚ ਏਸ਼ੀਅਨ ਕੁਸ਼ਤੀ ਚੈਂਪੀਅਨਸ਼ਿਪ 2025 ਵਿੱਚ, ਭਾਰਤੀ ਪਹਿਲਵਾਨ ਮਨੀਸ਼ਾ ਭਾਨਵਾਲਾ ਨੇ ਸੋਨੇ ਦਾ ਤਮਗਾ ਅਤੇ ਅੰਤਿਮ ਪੰਘਾਲ ਨੇ ਕਾਂਸੀ ਦਾ ਤਮਗਾ ਜਿਤਿਆ ਏ । ਔਰਤਾਂ ਦੇ 62 ਕਿਲੋ ਵਰਗ ਦੇ ਫਾਈਨਲ ਵਿੱਚ ਮਨੀਸ਼ਾ ਨੇ ਕੋਰੀਆ ਦੀ ਓਕੇ ਜੂ ਕਿਮ

ਨੂੰ 8-7 ਨਾਲ ਹਰਾਇਆ। ਅੰਤਿਮ ਪੰਘਾਲ ਨੇ 53 ਕਿਲੋਗ੍ਰਾਮ ਵਰਗ ਦੇ ਕਾਂਸੀ ਦੇ ਪਲੇਅ-ਆਫ ਵਿੱਚ ਤਾਈਪੇ ਦੇ ਮੇਂਗ ਐਚ ਹਸੀਹ ਨੂੰ ਤਕਨੀਕੀ ਉੱਤਮਤਾ ਨਾਲ ਹਰਾਇਆ। ਭਾਰਤੀ ਪਹਿਲਵਾਨਾਂ ਨੇ ਹੁਣ ਤੱਕ ਟੂਰਨਾਮੈਂਟ ਵਿੱਚ ਇੱਕ ਸੋਨੇ ਦਾ, ਇੱਕ ਚਾਂਦੀ ਦਾ ਅਤੇ ਛੇ ਕਾਂਸੀ ਦੇ ਤਮਗੇ ਜਿੱਤੇ ਨੇ , ਜਿਸ ਵਿੱਚ ਗ੍ਰੀਕੋ-ਰੋਮਨ ਪਹਿਲਵਾਨਾਂ ਦੇ ਦੋ ਤਗਮੇ ਵੀ ਸ਼ਾਮਲ ਨੇ ।